# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 07-09-2025**

ਕੇਂਦਰ ਸਰਕਾਰ ਦਾ ਕਹਿਣਾ ਏ ਕਿ ਵਿਆਪਕ ਵਸਤੂ ਤੇ ਸੇਵਾ ਟੈਕਸ (GST) ਵਿਚ ਸੁਧਾਰ ਸਹਿਕਾਰੀ ਖੇਤਰ ਨੂੰ ਮਜ਼ਬੂਤ ਕਰਨਗੇ, ਉਨ੍ਹਾਂ ਦੇ ਉਤਪਾਦਾਂ ਨੂੰ ਮੁਕਾਬਲੇਬਾਜ਼ੀ ਵਾਲਾ ਬਣਾਉਣਗੇ, ਇਹਨਾਂ ਉਤਪਾਦਾਂ ਦੀ ਮੰਗ ਵਧਾਉਣਗੇ ਅਤੇ ਸਹਿਕਾਰੀ ਸਭਾਵਾਂ ਦੀ ਆਮਦਨ ਵਿਚ ਵਾਧਾ ਕਰਨਗੇ। ਇਕ ਬਿਆਨ ਵਿਚ, ਸਹਿਕਾਰਤਾ ਮੰਤਰਾਲੇ ਨੇ ਕਿਹਾ ਏ ਕਿ GST ਸੁਧਾਰ ਦਿਹਾਤੀ ਉੱਦਮਸ਼ੀਲਤਾ ਨੂੰ ਹੁਲਾਰਾ ਦੇਣਗੇ, ਫੂਡ ਪ੍ਰੋਸੈਸਿੰਗ ਖੇਤਰ ਵਿੱਚ ਸਹਿਕਾਰੀ ਸਭਾਵਾਂ ਨੂੰ ਉਤਸ਼ਾਹਤ ਕਰਨਗੇ। ਕੇਂਦਰੀ ਖੇਤੀਬਾੜੀ ਤੇ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਨਵੀਆਂ ਲਾਗੂ ਕੀਤੀਆਂ ਗਈਆਂ GST ਦਰਾਂ ਤੇ ਸਲੈਬਾਂ ਦਾ ਖੇਤੀਬਾੜੀ ਖੇਤਰ 'ਤੇ ਚੰਗਾ ਅਸਰ ਪਏਗਾ. ਭੋਪਾਲ ਵਿਚ ਪ੍ਰੈੱਸ ਕਾਨਫਰੰਸ ਵਿਚ ਬੋਲਦਿਆਂ ਸ੍ਰੀ ਚੌਹਾਨ ਨੇ ਦੱਸਿਆ ਕਿ ਤਬਦੀਲੀਆਂ ਖਾਸ ਤੌਰ 'ਤੇ ਛੋਟੇ ਤੇ ਦਰਮਿਆਨੇ ਕਿਸਾਨਾਂ ਨੂੰ ਲਾਭ ਪਹੁੰਚਾਉਣਗੀਆਂ

**-byte**

---

ਹੜ੍ਹਾਂ ਨਾਲ ਪ੍ਰਭਾਵਿਤ ਪੰਜਾਬ ਵਿਚ ਹਾਲਾਤ ਭਾਵੇਂ ਹੌਲੀ-ਹੌਲੀ ਕਾਬੂ 'ਚ ਆ ਰਹੇ ਨੇ ਪਰ ਪਿਛਲੇ 24 ਘੰਟਿਆਂ ਵਿਚ ਅੰਮ੍ਰਿਤਸਰ ਤੇ ਰੂਪਨਗਰ ਵਿਚ 3 ਹੋਰ ਮੌਤਾਂ ਨਾਲ ਮਰਨ ਵਾਲਿਆਂ ਦੀ ਕੁੱਲ੍ਹ ਗਿਣਤੀ 46 ਹੋ ਗਈ ਏ, ਜਦੋਂਕਿ ਪਠਾਨਕੋਟ ਜ਼ਿਲ੍ਹੇ ਵਿੱਚ ਤਿੰਨ ਵਿਅਕਤੀ ਲਾਪਤਾ ਨੇ। ਪ੍ਰਭਾਵਿਤ ਪਿੰਡਾਂ ਦੀ ਗਿਣਤੀ ਵੀ ਵੱਧ ਕੇ ਇਕ ਹਜ਼ਾਰ 996 ਹੋ ਗਈ ਏ ਤੇ ਕੁੱਲ 3 ਲੱਖ 87 ਹਜਾਰ ਲੋਕ ਪ੍ਰਭਾਵਿਤ ਹੋਏ ਨੇ। ਇਸ ਦੌਰਾਨ ਸੂਬੇ ਵਿਚ ਸਥਾਨਕ ਪ੍ਰਸ਼ਾਸਨ, ਫੌਜ, ਬੀ.ਐੱਸ.ਐੱਫ, ਐੱਨ.ਡੀ.ਆਰ. ਐੱਫ, ਐੱਸ.ਡੀ.ਆਰ. ਐੱਫ, ਸਮਾਜ ਸੇਵੀ ਸੰਸਥਾਵਾਂ ਤੇ ਆਮ ਲੋਕਾਂ ਦੇ ਸਾਂਝੇ ਯਤਨਾਂ ਨਾਲ ਬਚਾਅ ਤੇ ਰਾਹਤ ਕਾਰਜ ਜੰਗੀ ਪਧਰ ‘ਤੇ ਜਾਰੀ ਨੇ। ਤਰਨਤਾਰਨ ਵਿਚ **ਮੇਰਾ ਭਾਰਤ ਤਰਨਤਾਰਨ** ਦੇ ਨੌਜਵਾਨਾਂ ਵੱਲੋਂ ਹੜ੍ਹ ਪੀੜਤ ਲੋਕਾਂ ਦੀ ਸਹਾਇਤਾ ਲਈ ਖ਼ਾਸ ਰਾਹਤ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਏ । ਇਸ ਮੁਹਿੰਮ ਤਹਿਤ ਰਾਹਤ ਸਮੱਗਰੀ ਤੇ ਖਾਣ-ਪੀਣ ਦੇ ਪੈਕਟ ਪਿੰਡ ਚੰਬਾ, ਬਲਾਕ ਚੋਹਲਾ ਸਾਹਿਬ, ਜ਼ਿਲ੍ਹਾ ਤਰਨਤਾਰਨ ਵਿਚ ਹੜ ਪੀੜਤ ਪਰਿਵਾਰਾਂ ਨੂੰ ਵੰਡੇ ਗਏ। ਬੀਤੇ ਸ਼ੁੱਕਰਵਾਰ ਨੂੰ ਨੌਜਵਾਨ ਮਾਮਲਿਆਂ ਤੇ ਖੇਡਾਂ ਬਾਰੇ ਮੰਤਰੀ ਡਾ. ਮਨਸੁੱਖ ਮਾਂਡਵੀਆ ਨੇ ਨਵੀਂ ਦਿੱਲੀ ਵਿਚ MY BHARAT ਜਾਂ ਮੇਰਾ ਭਾਰਤ ਸਦਰ ਮੁਕਾਮ ਵਿਖੇ ਉੱਚ ਪੱਧਰੀ ਮੀਟਿੰਗ ਨੂੰ ਸੰਬੋਧਨ

ਕਰਦਿਆਂ ਦੱਸਿਆ ਸੀ ਕਿ ਪੰਜਾਬ ਤੇ ਹਿਮਾਚਲ ਪ੍ਰਦੇਸ਼ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਬਚਾਅ ਕਾਰਜਾਂ ਲਈ ਇਕ ਹਜ਼ਾਰ ਤੋਂ ਵੱਧ ਸਿਖਲਾਈ ਪ੍ਰਾਪਤ MY Bharat ਆਪਦਾ ਮਿਤਰਾਂ ਨੂੰ ਭੇਜਿਆ ਜਾਏਗਾ। ਇਸ ਦੌਰਾਨ ਕਲ੍ਹ ਰਾਤ ਤੋਂ ਹੀ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿਚ ਬਾਰਿਸ਼ ਜਾਰੀ ਏ। ਪੰਜਾਬ ਦੇ ਸਾਰੇ ਕਾਲਜ ਕਲ੍ਹ ਤੋਂ ਅਤੇ ਸਕੂਲ ਪਰਸੋਂ ਤੋਂ ਖੋਲ੍ਹਣ ਦਾ ਫੈਸਲਾ ਕੀਤਾ ਗਿਆ ਏ। 8 ਸਤੰਬਰ ਨੂੰ ਸੂਬੇ ਦੇ ਸਾਰੇ ਸਰਕਾਰੀ ਸਕੂਲ ਵਿਦਿਆਰਥੀਆਂ ਲਈ ਬੰਦ ਰਹਿਣਗੇ। ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਆਪਣੇ ਐਕਸ ਅਕਾਊਂਟ ਰਾਹੀਂ ਇਹ ਜਾਣਕਾਰੀ ਦਿੱਤੀ ਏ। ਸਿੱਖਿਆ ਮੰਤਰੀ ਨੇ ਕਿਹਾ ਏ ਕਿ 8 ਸਤੰਬਰ ਨੂੰ ਸੂਬੇ ਦੇ ਸਾਰੇ ਸਰਕਾਰੀ ਸਕੂਲ ਵਿਦਿਆਰਥੀਆਂ ਲਈ ਬੰਦ ਰਹਿਣਗੇ, ਜਦੋਂਕਿ ਅਧਿਆਪਕ ਸਕੂਲ ਵਿਚ ਹਾਜ਼ਰ ਹੋਣਗੇ ਤੇ ਸਫਾਈ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਇਸ ਕੰਮ ਲਈ ਪੰਚਾਇਤਾਂ, ਨਗਰ ਕੌਂਸਲਾਂ ਤੇ ਕਾਰਪੋਰੇਸ਼ਨਾਂ ਦੀ ਮਦਦ ਲਈ ਜਾਵੇਗੀ। ਸੂਬੇ ਦੇ ਸਾਰੇ ਸਰਕਾਰੀ ਸਕੂਲ ਆਮ ਵਾਂਗ 9 ਸਤੰਬਰ ਤੋਂ ਖੁੱਲਣਗੇ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਹੜ੍ਹਾਂ ਦੇ ਚਲਦਿਆਂ ਤੇ ਖਰਾਬ ਮੌਸਮ ਨੂੰ ਵੇਖਦਿਆਂ ਸੂਬੇ ਦੇ ਸਾਰੇ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਵਿਚ ਛੁੱਟੀ ਕਰ ਦਿੱਤੀ ਸੀ ਪਰ ਹੁਣ ਹਾਲਾਤ ਸੁਧਰਦੇ ਵੇਖ ਕੇ, ਡਿਪਟੀ ਕਮਿਸ਼ਨਰਾਂ ਨੂੰ ਆਪਣੇ ਪੱਧਰ ਉੱਤੇ ਫੈਸਲੇ ਲੈਣ ਦੇ

ਅਧਿਕਾਰ ਦਿੱਤੇ ਗਏ ਨੇ। ਇਸੇ ਦੌਰਾਨ ਕਲ੍ਹ ਰਾਤ ਤੋਂ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿਚ ਹਲਕੀ ਬਾਰਿਸ਼ ਜਾਰੀ ਏ ਤੇ ਕਿਤੇ-ਕਿਤੇ ਧੁੱਪ ਵੀ ਨਿਕਲੀ ਹੋਈ ਏ।

-----------------------------------------------------------------

ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ **ਪੰਜਾਬ ਸੜਕਾਂ ਅਤੇ ਪੁਲ ਵਿਕਾਸ ਬੋਰਡ, ਮੋਹਾਲੀ** ਦੀ ਉੱਚ-ਪੱਧਰੀ ਮੀਟਿੰਗ ਵਿਚ ਮੌਜੂਦਾ ਹੜ੍ਹਾਂ ਕਾਰਨ ਪ੍ਰਭਾਵਿਤ ਹੋਏ ਬੁਨਿਆਦੀ ਢਾਂਚੇ - ਸੜਕਾਂ, ਪੁਲਾਂ ਤੇ ਜਨਤਕ ਇਮਾਰਤਾਂ ਦੀ ਹਾਲਤ ਬਾਰੇ ਪੜਚੋਲ ਕੀਤੀ। ਇਸ ਜਾਇਜ਼ਾ ਮੀਟਿੰਗ ਦੌਰਾਨ, ਲੋਕ ਨਿਰਮਾਣ ਮੰਤਰੀ ਈ.ਟੀ.ਓ. ਨੇ ਹਦਾਇਤ ਕੀਤੀ ਕਿ ਨੁਕਸਾਨੀਆਂ ਸੜਕਾਂ, ਖ਼ਾਸਕਰ ਪੇਂਡੂ ਇਲਾਕੇ ਵਿਚ ਪੈਂਦੀਆਂ ਸੜਕਾਂ ਦੀ ਮੁਰੰਮਤ ਕੀਤੀ ਜਾਵੇ । ਇਸ ਤੋਂ ਇਲਾਵਾ ਜਿੱਥੇ ਸੜਕਾਂ ਹੜ੍ਹ ਦੇ ਪਾਣੀ ਨਾਲ ਰੁੜ ਗਈਆਂ ਨੇ, ਉੱਥੇ ਪਾਣੀ ਦੀ ਨਿਕਾਸੀ ਲਈ ਢੁਕਵੇਂ ਪ੍ਰਬੰਧ ਕੀਤੇ ਜਾਣ ।

-----------------------------------------------------------------

ਸਰਹੱਦੀ ਸੁਰੱਖਿਆ ਬਲ (ਬੀ.ਐੱਸ.ਐੱਫ.) ਨੇ ਵੱਖ-ਵੱਖ ਕਾਰਵਾਈਆਂ ਵਿਚ 5 ਭਾਰਤੀ ਤਸਕਰਾਂ ਨੂੰ ਹਥਿਆਰਾਂ, ਗੋਲਾ ਬਾਰੂਦ ਤੇ 5 ਕਿੱਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ ।ਜਾਣਕਾਰੀ ਮੁਤਾਬਕ ਬੀ.ਐੱਸ.ਐੱਫ. ਦੇ ਜਵਾਨਾਂ ਨੇ ਅੰਮ੍ਰਿਤਸਰ ਪੁਲਿਸ ਦੀ

ਨਾਰਕੋਟਿਕਸ ਵਿਰੋਧੀ ਟਾਸਕ ਫੋਰਸ ਦੇ ਨਾਲ ਮਿਲ ਕੇ ਕੱਲ੍ਹ ਤਰਨਤਾਰਨ ਵਿਚ ਅੱਧਾ ਕਿੱਲੋ ਹੈਰੋਇਨ ਸਣੇ ਇਕ ਤਸਕਰ ਨੂੰ ਗ੍ਰਿਫ਼ਤਾਰ ਕੀਤਾ। ਅੰਮ੍ਰਿਤਸਰ ਵਿਚ ਇਕ ਹੋਰ ਸਾਂਝੀ ਕਾਰਵਾਈ ਵਿਚ ਟੀਮ ਨੇ 4 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ, ਜਿਨ੍ਹਾਂ ਦੇ ਕਬਜ਼ੇ ਵਿੱਚੋਂ 9 ਪੈਕੇਟਾਂ ਸਮੇਤ 5 ਕਿੱਲੋ ਤੋਂ ਵੱਧ ਹੈਰੋਇਨ, 2 ਪਿਸਤੌਲਾਂ, ਇਕ ਚਾਰ ਪਹੀਆ ਵਾਹਨ, 2 ਮੋਟਰਸਾਈਕਲ ਤੇ ਭਾਰਤੀ ਕਰੰਸੀ ਬਰਾਮਦ ਹੋਈ ਏ।